ਪ੍ਰੈਸ ਨੋਟ

# ਹੁਸ਼ਿਆਰਪੁਰ ਪੁਲਿਸ ਵੱਲੋਂ 130 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ

ਮਾਨਯੋਗ ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ ਜੀ ਦੇ ਦਿਸ਼ਾ ਨਿਰਦੇਸ਼ਾਂ ਪਰ ਹੁਸ਼ਿਆਰਪੁਰ ਏਰੀਆ ਵਿੱਚ ਨਸ਼ਾ ਸਪਲਾਈ ਕਰਨ ਵਾਲੇ ਸਮੱਗਲਰਾਂ ਨੂੰ ਨੱਥ ਪਾਉਣ ਲਈ ਸ੍ਰੀ ਮਨਪ੍ਰੀਤ ਸਿੰਘ ਢਿੱਲੋਂ (P.P.S) ਪੁਲਿਸ ਕਪਤਾਨ ਤਫਤੀਸ਼ ਹੁਸ਼ਿਆਰਪੁਰ, ਸ੍ਰੀ ਰਜੇਸ਼ ਕੱਕੜ (P.P.S) ਉੱਪ ਪੁਲਿਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਅਤੇ ਇੰਚਾਰਜ਼ CIA ਇੰਸਪੈਕਟਰ ਬਲਵਿੰਦਰ ਪਾਲ ਦੇ ਅਧੀਨ ਵਿਸ਼ੇਸ ਟੀਮ ਵੱਲੋਂ 01 ਦੋਸ਼ੀ ਨੂੰ ਗਿਫ੍ਰਤਾਰ ਕਰਕੇ ਉਸ ਪਾਸੋਂ 130 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ ਵਲੋਂ ਪ੍ਰੈਸ ਨੂੰ ਪ੍ਰੈਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ ਮਿਤੀ 08-08-2022 ਨੂੰ ਇੰਚਾਰਜ਼ ਸੀ.ਆਈ.ਏ ਸਟਾਫ ਇੰਸਪੈਕਟਰ ਬਲਵਿੰਦਰ ਪਾਲ ਦੀ ਟੀਮ ਨੇ ਜਹਾਨਖੇਲਾ ਨੇੜੇ ਸੋਨਾਲੀਕਾ ਬੈਲੀ ਤੋਂ ਸਰਬਜੀਤ ਸਿੰਘ ਉਰਫ ਕਾਕਾ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਬਸੀ ਮੁਸਤਫਾ ਥਾਣਾ ਸਦਰ ਹੁਸ਼ਿਆਰਪੁਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 130 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਕਰਕੇ ਮੁੱਕਦਮਾ ਨੰਬਰ 120 ਮਿਤੀ 08-08-2022 ਅ.ਧ. 22-61-85 ਐਨ.ਡੀ.ਪੀ.ਐਸ. ਐਕਟ ਥਾਣਾ ਸਦਰ ਹੁਸ਼ਿਆਰਪੁਰ ਦਰਜ ਰਜਿਸਟਰ ਕਰਵਾਇਆ। ਦੋਸ਼ੀ ਨੂੰ ਅੱਜ ਪੇਸ਼ ਅਦਾਲਤ ਕੀਤਾ ਜਾ ਰਿਹਾ ਹੈ

**ਬ੍ਰਾਮਦਗੀ:-** 130 ਗ੍ਰਾਮ ਨਸ਼ੀਲਾ ਪਦਾਰਥ

**ਗ੍ਰਿਫਤਾਰ ਦੋਸ਼ੀ:-** ਸਰਬਜੀਤ ਸਿੰਘ ਉਰਫ ਕਾਕਾ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਬਸੀ ਮੁਸਤਫਾ ਥਾਣਾ ਸਦਰ ਹੁਸ਼ਿਆਰਪੁਰ